# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 16-04-2025**

- ਪਿਛਲੇ ਵਿੱਤੀ ਸਾਲ ਵਿੱਚ ਦੇਸ਼ ਦੀ ਬਰਾਮਦ ਵਿੱਚ 5.5 ਫੀਸਦੀ ਦਾ ਵਾਧਾ ਹੋਇਆ -ਇਹ ਰਿਕਾਰਡ ਲਗਭਗ 821 ਅਰਬ ਡਾਲਰ ਤੱਕ ਪਹੁੰਚਿਆ।
- ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ, ਪੰਜਾਬ ਸਰਕਾਰ ਨੂੰ ਨੋਟਿਸ ਕਰਕੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ, ਉਨ੍ਹਾਂ ਦੇ '50 ਬੰਬ ਵਾਲੇ ਬਿਆਨ ਦੇ ਸਬੰਧ ਵਿੱਚ, 22 ਅਪ੍ਰੈਲ ਨੂੰ ਅਗਲੀ ਸੁਣਵਾਈ ਤੱਕ ਗ੍ਰਿਫ਼ਤਾਰ ਨਾ ਕਰਨ ਦਾ ਨਿਰਦੇਸ਼ ਦਿੱਤਾ ਏ।
- ਸੀਮਾ ਸੁਰੱਖਿਆ ਬਲ ਅਤੇ ਪੰਜਾਬ ਪੁਲਿਸ ਨੇ ਅੰਮ੍ਰਿਤਸਰ ਅਤੇ ਫਾਜ਼ਿਲਕਾ ਵਿੱਚ ਵੱਖ-ਵੱਖ ਕਾਰਵਾਈਆਂ ਦੌਰਾਨ ਇੱਕ ਔਰਤ

ਸਮੇਤ ਚਾਰ ਨਸ਼ਾ ਤਸਕਰਾਂ ਨੂੰ ਹਥਿਆਰਾਂ, ਗੋਲਾ ਬਾਰੂਦ ਅਤੇ ਸਾਢੇ 5 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਸਮੇਤ ਕੀਤਾ ਗ੍ਰਿਫ਼ਤਾਰ ।

- ਪੰਜਾਬ ਟੈਲੀਕਾਮ ਸਰਕਲ ਵਲੋਂ ਅੱਜ ਜਲੰਧਰ ਵਿੱਚ 'ਸੰਚਾਰ ਸਾਥੀ ਐਪਲੀਕੇਸ਼ਨ' ਅਤੇ ਟੈਲੀਕਾਮ ਆਊਟਰੀਚ ਪ੍ਰੋਗਰਾਮ 'ਤੇ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ।
- IPL ਕ੍ਰਿਕਟ ਵਿੱਚ, ਅੱਜ ਦਿੱਲੀ ਕੈਪੀਟਲਜ਼ ਦਾ ਮੁਕਾਬਲਾ ਰਾਜਸਥਾਨ ਰਾਇਲਜ਼ ਨਾਲ ਹੋਵੇਗਾ।

---

ਭਾਰਤ ਦੇ ਵਸਤੂਆਂ ਅਤੇ ਸੇਵਾਵਾਂ ਦੇ ਕੁੱਲ ਬਰਾਮਦ ਵਿੱਚ 5.5 ਫ਼ੀਸਦੀ ਦਾ ਵਾਧਾ ਦਰਜ ਕੀਤਾ ਗਿਆ, ਜੋ ਅਪ੍ਰੈਲ-ਮਾਰਚ 2024-25 ਦੌਰਾਨ ਰਿਕਾਰਡ 820.93 ਅਰਬ ਡਾਲਰ ਤੱਕ ਪਹੁੰਚ ਗਿਆ, ਜੋ ਕਿ ਪਿਛਲੇ ਮਾਲੀ ਸਾਲ ਵਿੱਚ, 778.13 ਅਰਬ ਡਾਲਰ ਸੀ। ਵਣਜ ਅਤੇ ਉਦਯੋਗ ਮੰਤਰਾਲੇ ਵੱਲੋਂ ਇਕੱਤਰ ਕੀਤੇ ਗਏ ਅੰਕੜਿਆਂ ਮੁਤਾਬਕ, ਰਿਪੋਰਟ ਕੀਤੀ ਗਈ ਮਿਆਦ ਦੌਰਾਨ ਦੇਸ਼ ਦੀ ਕੁੱਲ ਬਰਾਮਦ 820.93 ਅਰਬ

ਡਾਲਰ ਹੋਣ ਦਾ ਅਨੁਮਾਨ ਸੀ ਜਦੋਂ ਕਿ ਕੁੱਲ ਦਰਾਮਦ 915.19 ਅਰਬ ਡਾਲਰ ਹੋਣ ਦਾ ਅਨੁਮਾਨ ਸੀ।

---------------------------------------------------

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ, ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਏ ਅਤੇ ਸਰਕਾਰ ਨੂੰ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ, ਉਨ੍ਹਾਂ ਦੇ '50 ਬੰਬ ਪੰਜਾਬ ਪਹੁੰਚ ਗਏ' ਬਿਆਨ ਦੇ ਸਬੰਧ ਵਿੱਚ, 22 ਅਪ੍ਰੈਲ ਨੂੰ ਅਗਲੀ ਸੁਣਵਾਈ ਤੱਕ ਗ੍ਰਿਫ਼ਤਾਰ ਨਾ ਕਰਨ ਦਾ ਨਿਰਦੇਸ਼ ਦਿੱਤਾ ਏ । ਪ੍ਰਤਾਪ ਸਿੰਘ ਬਾਜਵਾ ਨੇ ਕੱਲ੍ਹ ਅਦਾਲਤ ਵਿੱਚ ਪਟੀਸ਼ਨ ਦਾਇਰ ਕੀਤੀ ਸੀ, ਜਿਸ ਵਿੱਚ ਐਤਵਾਰ ਨੂੰ ਉਨ੍ਹਾਂ ਦੇ ਬਿਆਨ 'ਤੇ ਉਨ੍ਹਾਂ ਖਿਲਾਫ ਦਰਜ ਐਫ.ਆਈ.ਆਰ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ ਸੀ। ਹਾਈ ਕੋਰਟ ਨੇ ਪ੍ਰਤਾਪ ਸਿੰਘ ਬਾਜਵਾ ਦੀ ਉਨ੍ਹਾਂ ਖਿਲਾਫ ਦਰਜ ਐਫ.ਆਈ.ਆਰ ਨੂੰ ਰੱਦ ਕਰਨ ਦੀ ਪਟੀਸ਼ਨ 'ਤੇ. ਪੰਜਾਬ ਸਰਕਾਰ ਤੋਂ ਜਵਾਬ ਵੀ ਮੰਗਿਆ ਏ । ਮੋਹਾਲੀ ਸਥਿਤ ਸਾਈਬਰ ਸੈੱਲ ਪੁਲਿਸ ਸਟੇਸ਼ਨ ਵਲੋਂ ਸੀਨੀਅਰ ਕਾਂਗਰਸੀ ਨੇਤਾ ਉਤੇ, ਭਾਰਤੀ ਨਿਆਏ ਸੰਹਿਤਾ ਦੇ ਤਹਿਤ ਦੇਸ਼ ਦੀ

ਪ੍ਰਭੂਸੱਤਾ ਅਤੇ ਏਕਤਾ ਨੂੰ ਖਤਰੇ ਵਿੱਚ ਪਾਉਣ ਵਾਲੀ ਗੁੰਮਰਾਹਕੁੰਨ ਜਾਣਕਾਰੀ ਦੇ ਦੋਸ਼ ਵਿੱਚ ਮਾਮਲਾ ਦਰਜ ਕੀਤਾ ਗਿਆ ਸੀ।

--------------------------------------------------------

ਸੀਮਾ ਸੁਰੱਖਿਆ ਬਲ ਅਤੇ ਪੰਜਾਬ ਪੁਲਿਸ ਨੇ ਅੰਮ੍ਰਿਤਸਰ ਅਤੇ ਫਾਜ਼ਿਲਕਾ ਵਿੱਚ ਵੱਖ-ਵੱਖ ਕਾਰਵਾਈਆਂ ਦੌਰਾਨ ਇੱਕ ਔਰਤ ਸਮੇਤ ਚਾਰ ਨਸ਼ਾ ਤਸਕਰਾਂ ਨੂੰ ਹਥਿਆਰਾਂ, ਗੋਲਾ ਬਾਰੂਦ ਅਤੇ ਸਾਢੇ 5 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ। ਅੰਮ੍ਰਿਤਸਰ ਵਿੱਚ, ਬਾਰਡਰ ਰੇਂਜ, ਅੰਮ੍ਰਿਤਸਰ ਪੁਲਿਸ ਦੇ ਨਸ਼ਾ ਵਿਰੋਧੀ ਕਾਰਜ ਬਲ ਨੇ ਤਰਨਤਾਰਨ ਪਿੰਡ - ਕੋਟਲੀ ਸੁਰ ਸਿੰਘ ਦੇ ਜੋਬਨਜੀਤ ਸਿੰਘ ਨੂੰ 3 ਕਿਲੋਗ੍ਰਾਮ ਤੋਂ ਵੱਧ ਹੈਰੋਇਨ, ਦੋ ਦੇਸੀ ਪਿਸਤੌਲਾਂ ਅਤੇ 25 ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਉਹ ਪਾਕਿਸਤਾਨ ਸਥਿਤ ਤਸਕਰਾਂ ਨਾਲ ਜੁੜਿਆ ਹੋਇਆ ਸੀ ਅਤੇ ਸਰਹੱਦ ਪਾਰ ਤੋਂ ਹੈਰੋਇਨ ਦੀ ਖੇਪ ਪ੍ਰਾਪਤ ਕਰਦਾ ਸੀ ਅਤੇ ਉਸਦਾ ਅਪਰਾਧਿਕ ਪਿਛੋਕੜ ਵੀ ਏ। ਇੱਕ ਹੋਰ ਕਾਰਵਾਈ ਵਿੱਚ, ਬੀ.ਐਸ.ਐਫ ਇੰਟੈਲੀਜੈਂਸ ਵਿੰਗ ਨੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ - ਧਨੋਆ ਖੁਰਦ ਦੇ ਨਾਲ ਲੱਗਦੇ ਇੱਕ ਖੇਤ ਵਿਚੋਂ ਇੱਕ ਡਰੋਨ

ਅਤੇ ਅੱਧਾ ਕਿਲੋਗ੍ਰਾਮ ਤੋਂ ਵੱਧ ਹੈਰੋਇਨ ਦੇ ਪੈਕੇਟ ਬਰਾਮਦ ਕੀਤੇ ਨੇ। ਓਧਰ ਸੀਮਾ ਸੁਰੱਖਿਆ ਬਲ ਅਤੇ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਫਾਜ਼ਿਲਕਾ ਨੇ ਇੱਕ ਸਾਂਝੇ ਆਪ੍ਰੇਸ਼ਨ ਵਿੱਚ ਬੀਤੀ ਰਾਤ ਫਾਜ਼ਿਲਕਾ ਸਰਹੱਦ 'ਤੇ ਇੱਕ ਔਰਤ ਸਮੇਤ ਤਿੰਨ ਨਸ਼ਾ ਤਸਕਰਾਂ ਨੂੰ 2 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ। ਤਿੰਨੋਂ ਮਾਮਲਿਆਂ ਦੀ ਅਗਲੇਰੀ ਜਾਂਚ ਜਾਰੀ ਏ।

---

ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ 16 ਅਪ੍ਰੈਲ 1853 ਨੂੰ ਬੋਰੀ ਬੰਦਰ ਤੋਂ ਮਹਾਰਾਸ਼ਟਰ ਦੇ ਠਾਣੇ ਲਈ ਪਹਿਲੀ ਰੇਲਗੱਡੀ ਰਵਾਨਾ ਹੋਣ ਦੇ ਉਸ ਇਤਿਹਾਸਕ ਪਲ ਨੂੰ ਯਾਦ ਕਰਦੇ ਹੋਏ ਅੱਜ ਭਾਰਤ ਦੀ ਪਹਿਲੀ ਰੇਲ ਯਾਤਰਾ ਦੀ 172ਵੀਂ ਵਰ੍ਹੇਗੰਢ ਮਨਾਈ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਮੰਤਰੀ ਨੇ ਇਸਨੂੰ ਦੇਸ਼ ਦੇ ਇਤਿਹਾਸ ਵਿੱਚ ਇੱਕ ਇਤਿਹਾਸਕ ਦਿਨ ਦੱਸਿਆ, ਜੋ ਕਿ ਭਾਰਤੀ ਰੇਲਵੇ ਦੇ ਜਨਮ ਨੂੰ ਦਰਸਾਉਂਦਾ ਏ। ਉਨ੍ਹਾਂ ਕਿਹਾ, ਇਸ ਦਿਨ ਨੂੰ ਮਨਾਉਣ ਲਈ ਜਨਤਕ ਛੁੱਟੀ ਐਲਾਨ ਕੀਤੀ ਗਈ ਸੀ। ਉਸ ਯਾਤਰਾ ਦੇ ਵੇਰਵਿਆਂ ਨੂੰ ਯਾਦ ਕਰਦੇ ਹੋਏ, ਸ਼੍ਰੀ

ਵੈਸ਼ਨਵ ਨੇ ਸਾਂਝਾ ਕੀਤਾ ਕਿ ਰੇਲਗੱਡੀ ਵਿੱਚ 14 ਡੱਬੇ ਸਨ ਜਿਸ ਵਿੱਚ 400 ਸੱਦੇ ਗਏ ਮੁਸਾਫ਼ਰ ਸਨ। ਰੇਲਗੱਡੀ ਨੂੰ ਸਿੰਧ, ਸੁਲਤਾਨ ਅਤੇ ਸਾਹਿਬ ਨਾਮਕ ਤਿੰਨ ਇੰਜਣਾਂ ਦੁਆਰਾ ਖਿੱਚਿਆ ਗਿਆ ਸੀ, ਅਤੇ 1 ਘੰਟਾ 15 ਮਿੰਟ ਵਿੱਚ 34 ਕਿਲੋਮੀਟਰ ਦੀ ਦੂਰੀ ਤੈਅ ਕੀਤੀ। ਰੇਲਵੇ ਦੀ ਵਿਰਾਸਤ ਨੂੰ ਉਜਾਗਰ ਕਰਦੇ ਹੋਏ, ਮੰਤਰੀ ਨੇ ਟਿੱਪਣੀ ਕੀਤੀ ਕਿ ਉਸ ਪਹਿਲੀ ਯਾਤਰਾ ਤੋਂ ਬਾਅਦ, ਭਾਰਤੀ ਰੇਲਵੇ ਦੇਸ਼ ਦੀ ਸੇਵਾ ਕਰਨ ਦੀ ਆਪਣੀ ਵਚਨਬੱਧਤਾ 'ਤੇ ਦ੍ਰਿੜ ਰਿਹਾ ਏ।

---------------------------------------------------------

ਪੰਜਾਬ ਟੈਲੀਕਾਮ ਸਰਕਲ ਨੇ ਅੱਜ ਜਲੰਧਰ ਵਿੱਚ ਆਪਣੇ ਹਿੱਸੇਦਾਰਾਂ ਲਈ, 'ਸੰਚਾਰ ਸਾਥੀ ਐਪਲੀਕੇਸ਼ਨ' ਅਤੇ ਟੈਲੀਕਾਮ ਆਊਟਰੀਚ ਪ੍ਰੋਗਰਾਮ 'ਤੇ ਇੱਕ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ । ਪ੍ਰੋਗਰਾਮ ਵਿਚ ਮੁੱਖ ਤੌਰ 'ਤੇ ਟੈਲੀਕਾਮ ਸੇਵਾ ਪ੍ਰਦਾਤਾ, ਇੰਟਰਨੈੱਟ ਸੇਵਾ ਪ੍ਰਦਾਤਾ, ਵਿਭਾਗ ਦੇ ਵਰਚੁਅਲ ਨੈੱਟਵਰਕ ਆਪਰੇਟਰ ਅਤੇ ਇਸਦੇ ਪੈਨਸ਼ਨਰ ਅਤੇ ਪਰਿਵਾਰਕ ਪੈਨਸ਼ਨਰ ਸ਼ਾਮਿਲ ਹੋਏ । ਪੰਜਾਬ ਸਰਕਲ ਦੇ ਸੰਚਾਰ ਲੇਖਾ ਕੰਟਰੋਲਰ ਦੇ ਡਿਪਟੀ ਕੰਟਰੋਲਰ ਅਕਸ਼ੈ

ਗੁਪਤਾ ਨੇ ਪ੍ਰੋਗਰਾਮ ਦਾ ਉਦਘਾਟਨ ਕਰਦੇ ਹੋਏ ਕਿਹਾ ਕਿ ਇਸਦਾ ਉਦੇਸ਼, ਮੋਬਾਈਲ ਗਾਹਕਾਂ ਨੂੰ ਉਨ੍ਹਾਂ ਦੀ ਡਿਜੀਟਲ ਸੁਰੱਖਿਆ ਨੂੰ ਵਧਾਉਣ ਲਈ ਜਾਗਰੂਕ ਕਰਨਾ ਅਤੇ ਸਸ਼ਕਤ ਬਣਾਉਣਾ ਏ ਅਤੇ ਇਸ ਸਬੰਧ ਵਿੱਚ ਸਰਕਾਰ ਦੀਆਂ ਪਹਿਲਕਦਮੀਆਂ ਬਾਰੇ ਜਾਗਰੂਕਤਾ ਵਧਾਉਣਾ ਏ । ਸਾਈਬਰ ਸੁਰੱਖਿਆ 'ਤੇ ਕੇਂਦ੍ਰਿਤ ਇੱਕ ਵਿਸ਼ੇਸ਼ ਸੈਸ਼ਨ ਵੀ ਆਯੋਜਿਤ ਕੀਤਾ ਗਿਆ।

*ਪੇਸ਼ ਏ ਇਕ ਰਿਪੋਰਟ :'ਸੰਚਾਰ ਸਾਥੀ ਮੋਬਾਈਲ ਐਪਲੀਕੇਸ਼ਨਾ ਇੱਕ ਉਪਭੋਗਤਾ-ਅਨੁਕੂਲ ਪਲੇਟਫਾਰਮ ਹੈ ਜੋ ਟੈਲੀਕਾਮ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਨਾਗਰਿਕਾਂ ਨੂੰ ਸਸ਼ਕਤ ਬਣਾਉਣ ਲਈ ਤਿਆਰ ਕੀਤਾ ਗਿਆ ਹੈ। ਇਹ ਉਪਭੋਗਤਾਵਾਂ ਨੂੰ ਉਨ੍ਹਾਂ ਦੇ ਟੈਲੀਕਾਮ ਸਰੋਤਾਂ ਨੂੰ ਸੁਰੱਖਿਅਤ ਕਰਨ ਅਤੇ ਟੈਲੀਕਾਮ ਧੋਖਾਧੜੀਆਂ ਦਾ ਮੁਕਾਬਲਾ ਕਰਨ ਲਈ ਮਹੱਤਵਪੂਰਨ ਸਾਧਨ ਪ੍ਰਦਾਨ ਕਰਦਾ ਏ। ਇਸ ਮੋਬਾਈਲ ਐਪਲੀਕੇਸ਼ਨ ਵਿੱਚ ਚਕਸ਼ੂ ਨਾ ਦਾ ਪ੍ਰੋਗਰਾਮ ਹੈ ਜਿਸ ਰਾਹੀਂ ਉਪਭੋਗਤਾ ਸ਼ੱਕੀ ਧੋਖਾਧੜੀ ਕਾਲਾਂ ਅਤੇ ਐਸਐਮਐਸ ਦੀ ਰਿਪੋਰਟ ਕਰ ਸਕਦੇ ਹਨ। ਨਾਗਰਿਕ ਆਪਣੇ ਨਾਮ 'ਤੇ ਜਾਰੀ ਕੀਤੇ*

*ਸਾਰੇ ਮੋਬਾਈਲ ਕਨੈਕਸ਼ਨਾਂ ਦੀ ਪਛਾਣ ਅਤੇ ਪ੍ਰਬੰਧਨ ਕਰ ਸਕਦੇ ਹਨ ਤਾਕਿ ਇਹ ਯਕੀਨੀ ਬਣਾ ਸਕਣ ਕਿ ਓਹਨਾ ਦੇ ਮੋਬਾਈਲ ਫੋਨਾਂ ਦੀ ਕੋਈ ਅਣਅਧਿਕਾਰਤ ਵਰਤੋਂ ਨਾ ਹੋਵੇ। ਉਹ ਆਪਣੇ ਗੁਆਚੇ ਜਾਂ ਚੋਰੀ ਹੋਏ ਮੋਬਾਈਲ ਹੈਂਡਸੈੱਟ ਨੂੰ ਬਲੌਕ ਕਰ ਸਕਦੇ ਨੇ ਅਤੇ ਉਸਨੂੰ ਲਭ ਵੀ ਸਕਦੇ ਨੇ । ਇਹ ਐਪਲੀਕੇਸ਼ਨ ਮੋਬਾਈਲ ਹੈਂਡਸੈੱਟਾਂ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਦਾ ਵੀ ਇੱਕ ਆਸਾਨ ਤਰੀਕਾ ਪ੍ਰਦਾਨ ਕਰਦੀ ਉਪਭੋਗਤਾ ਅਸਲੀ ਹੈਂਡਸੈੱਟ ਖਰੀਦ ਦਨ ਦੇ ਸਮਰੱਥ ਹੋ ਸਕਣ । ਇਹ 'ਸੰਚਾਰ ਸਾਥੀ ਮੋਬਾਈਲ ਐਪਲੀਕੇਸ਼ਨਾ ਗੂਗਲ ਪਲੇ-ਸਟੋਰ 'ਤੇ ਐਂਡਰਾਇਡ ਅਤੇ ਆਈਓਐਸ ਦੋਵਾਂ ਪਲੇਟਫਾਰਮਾਂ ਲਈ ਉਪਲਬਧ ਏ। ਰਾਜੇਸ਼ ਬਾਲੀ/ਆਕਾਸ਼ਵਾਣੀ ਖ਼ਬਰਾਂ/ਜਲੰਧਰ*

---------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ ਅਤੇ ਮਹਿਲਾ ਤੇ ਬਾਲ ਵਿਕਾਸ ਵਿਭਾਗਾਂ ਦੇ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਪੰਜਾਬ ਸਰਕਾਰ ਸੂਬੇ ਅੰਦਰ ਸਮਾਜ ਦੇ ਅਣਗੌਲੇ ਲੋਕਾਂ ਦੀ ਭਲਾਈ ਲਈ ਕੰਮ

ਕਰਨ ਵਾਲੀਆਂ ਗੈਰ ਸਰਕਾਰੀ ਸੰਸਥਾਵਾਂ ਦੀ ਹਰ ਸੰਭਵ ਸਹਾਇਤਾ ਕਰਨ ਲਈ ਵਚਨਬੱਧ ਏ । ਉਹ ਅੱਜ ਦੀਵਿਆਂਗ ਜਨਾ ਦੀ ਭਲਾਈ ਬਾਰੇ ਸੁਸਾਇਟੀ ਦੇ 58ਵੇਂ ਸਥਾਪਨਾ ਦਿਵਸ ਮੌਕੇ ਪਿੰਡ ਸੈਫਦੀਪੁਰ ਪਟਿਆਲਾ ਵਿਖੇ ਕਰਵਾਏ ਸਮਾਗਮ ਦੌਰਾਨ ਸ਼ਿਰਕਤ ਕਰਨ ਪੁੱਜੇ ਹੋਏ ਸਨ।ਉਨ੍ਹਾਂ ਨੇ ਕਿਹਾ ਕਿ ਦਿਵਿਆਂਗ ਬੱਚਿਆਂ ਦੀ ਅਵਾਜ਼ ਤੇ ਸੋਚ ਨੂੰ ਅਜਿਹੀਆਂ ਸੰਸਥਾਵਾਂ ਦੀ ਮਦਦ ਨਾਲ ਬਹੁਤ ਦੂਰ ਤੱਕ ਪਹੁੰਚਾਇਆ ਜਾਵੇਗਾ, ਜਿੱਥੇ ਤੱਕ ਇਹ ਪਹੁੰਚਣ ਦੀ ਹੱਕਦਾਰ ਏ । ਇਸ ਮੌਕੇ ਡਾ. ਬਲਜੀਤ ਕੌਰ ਨੇ ਸੁਸਾਇਟੀ ਵੱਲੋਂ ਬੋਲਣ, ਸੁਣਣ ਅਤੇ ਦੇਖਣ ਤੋਂ ਅਸਮਰੱਥ ਬੱਚਿਆਂ ਦੀ ਭਲਾਈ ਤੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਕੀਤੇ ਜਾ ਰਹੇ ਵਿਸ਼ੇਸ਼ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਸੁਸਾਇਟੀ ਨੂੰ ਸਕੂਲ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਪੰਜ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ।

---------------------------------------------------------

ਪੰਜਾਬ ਸਰਕਾਰ ਵੱਲੋਂ ਪਸ਼ੂਆਂ ਨੂੰ ਮੂੰਹ ਖੁਰ ਦੀ ਬਿਮਾਰੀ ਤੋਂ ਬਚਾਉਣ ਲਈ ਸੂਬਾ ਪੱਧਰੀ ਟੀਕਾਕਰਣ ਅਭਿਆਨ ਸ਼ੁਰੂ ਕਰ ਦਿੱਤਾ ਗਿਆ ਏ ।

ਇਸਦੀ ਸ਼ੁਰੂਆਤ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮੁਕਤਸਰ ਜਿਲੇ ਦੇ ਪਿੰਡ ਲੰਬੀ ਹਲਕੇ ਤੋਂ ਕੀਤੀ। ਇਸ ਅਭਿਆਨ ਅਧੀਨ 30 ਮਈ ਤੱਕ 2 ਹਜ਼ਾਰ ਤੋਂ ਵੱਧ ਟੀਮਾਂ ਹਰ ਪਿੰਡ ਤੇ ਸ਼ਹਿਰ ਵਿੱਚ ਜਾਕੇ ਪਸ਼ੂਆਂ ਦੇ ਮੁਫਤ ਟੀਕੇ ਲਗਾਉਣਗੀਆਂ। ਸਰਕਾਰ ਵੱਲੋਂ ਇਸਦੇ ਲਈ 65 ਲੱਖ ਵੈਕਸੀਨ ਮੁਹੱਇਆ ਕਰਵਾਈ ਗਈ ਏ । ਇਹੀ ਨਹੀਂ ਬਿਮਾਰੀ ਦੀ ਰੋਕਥਾਮ ਲਈ ਪਿਛਲੇ ਹਫਤੇ 7 ਕਰੋੜ 77 ਲਖ ਰੁਪਏ ਦੀ ਦਵਾਈਆਂ ਵੀ ਮੁਫਤ ਦਿੱਤੀਆਂ ਗਈਆਂ ਨੇ। ਇਸ ਸਬੰਧੀ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ ਵੱਲੋਂ ਸਾਰੇ ਅਧਿਕਾਰੀਆਂ ਨੂੰ 45 ਦਿਨ ਚ ਅਭਿਆਨ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਨੇ।

---------------------------------------------------

ਹੁਸ਼ਿਆਰਪੁਰ-ਮੁਕੇਰੀਆਂ ਦੇ ਹਾਜੀਪੁਰ ਕਸਬੇ ਵਿੱਚ ਬੀਤੀ ਰਾਤ ਇੱਕ ਤੇਜ਼ ਰਫ਼ਤਾਰ ਟਰੱਕ ਨੇ ਸੜਕ ਕਿਨਾਰੇ ਖੜ੍ਹੇ 4 ਲੋਕਾਂ ਨੂੰ ਆਪਣੀ ਲਪੇਟ ਵਿਚ ਲੈ ਲਿਆ, ਜਿਸ ਕਾਰਨ 3 ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਇੱਕ ਗੰਭੀਰ ਜ਼ਖਮੀ ਹੋ ਗਿਆ। ਮ੍ਰਿਤਕਾਂ ਵਿੱਚ 2 ਬੱਚੇ ਵੀ ਸ਼ਾਮਲ ਨੇ । ਸਾਡੇ ਪੱਤਰਕਾਰ ਨੇ ਦਸਿਆ ਏ ਕਿ ਇਸ ਹਾਦਸਾ ਉਸ

ਵੇਲੇ ਵਾਪਰਿਆ ਜਦੋਂ ਬੀਤੀ ਰਾਤ ਕਰੀਬ 10 ਵਜੇ ਹਾਜੀਪੁਰ ਦੇ ਬਾਲਮੀਕੀ ਮੁਹੱਲੇ ਦਾ ਰਹਿਣ ਵਾਲੇ ਇਹ ਚਾਰੇ ਜਣੇ ਸੜਕ ਕਿਨਾਰੇ ਖੜ੍ਹੇ ਗੱਲਾਂ ਕਰ ਰਹੇ ਸਨ ਇਸੇ ਦੌਰਾਨ ਇੱਕ ਤੇਜ਼ ਰਫ਼ਤਾਰ ਟਿੱਪਰ ਨੇ ਉਨ੍ਹਾਂ ਨੂੰ ਪਿੱਛੇ ਤੋਂ ਟੱਕਰ ਮਾਰ ਦਿਤੀ। ਟਰੱਕ ਡਰਾਈਵਰ ਮੌਕੇ ਤੋਂ ਫਰਾਰ ਹੋ ਗਿਆ । ਪੁਲਿਸ ਨੇ ਟਰੱਕ ਨੂੰ ਆਪਣੀ ਹਿਰਾਸਤ ਵਿੱਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਏ।

---

ਪੰਜਾਬ ਵਿਜੀਲੈਂਸ ਬਿਊਰੋ ਨੇ ਤਰਨਤਾਰਨ ਸਥਿਤ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਨਿਗਮ ਵਿਖੇ ਜ਼ਿਲ੍ਹਾ ਮੈਨੇਜਰ ਨੂੰ 10 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਏ । ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਤਰਨਤਾਰਨ ਜ਼ਿਲ੍ਹੇ ਦੇ ਪਿੰਡ ਗਿਧੜੀ ਬਘੀਹਾਰੀ ਦੇ ਇੱਕ ਸ਼ਿਕਾਇਤਕਰਤਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੀ ਜਾਂਚ ਉਪਰੰਤ ਕੀਤੀ ਗਈ ਏ । ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਏ ਕਿ ਇਸ ਮੈਨੇਜਰ ਨੇ ਸਰਕਾਰ ਦੁਆਰਾ ਮੁਆਫ਼ ਕੀਤੇ ਗਏ ਕਰਜ਼ੇ ਦੀ

ਪ੍ਰਕਿਰਿਆ ਅਤੇ ਇਸਦਾ ਨਿਪਟਾਰਾ ਕਰਨ ਲਈ ਉਸ ਤੋਂ 10,000 ਰੁਪਏ ਰਿਸ਼ਵਤ ਦੀ ਮੰਗੀ ਏ। ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

---------------------------------------------------------------

IPL ਕ੍ਰਿਕਟ ਵਿੱਚ, ਅੱਜ ਦਿੱਲੀ ਕੈਪੀਟਲਜ਼ ਦਾ ਮੁਕਾਬਲਾ ਰਾਜਸਥਾਨ ਰਾਇਲਜ਼ ਨਾਲ ਹੋਵੇਗਾ। ਇਹ ਮੈਚ ਨਵੀਂ ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਵਿੱਚ ਸ਼ਾਮੀ ਸਾਢੇ 7 ਵਜੇ ਸ਼ੁਰੂ ਹੋਵੇਗਾ।

---------------------------------------------------------------

- ਪਿਛਲੇ ਵਿੱਤੀ ਸਾਲ ਵਿੱਚ ਦੇਸ਼ ਦੀ ਬਰਾਮਦ ਵਿੱਚ 5.5 ਫੀਸਦੀ ਦਾ ਵਾਧਾ ਹੋਇਆ -ਇਹ ਰਿਕਾਰਡ ਲਗਭਗ 821 ਅਰਬ ਡਾਲਰ ਤੱਕ ਪਹੁੰਚਿਆ।

- ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ, ਪੰਜਾਬ ਸਰਕਾਰ ਨੂੰ ਨੋਟਿਸ ਕਰਕੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ, ਉਨ੍ਹਾਂ ਦੇ '50 ਬੰਬ ਵਾਲੇ ਬਿਆਨ ਦੇ ਸਬੰਧ ਵਿੱਚ, 22 ਅਪ੍ਰੈਲ ਨੂੰ ਅਗਲੀ ਸੁਣਵਾਈ ਤੱਕ ਗ੍ਰਿਫ਼ਤਾਰ ਨਾ ਕਰਨ ਦਾ ਨਿਰਦੇਸ਼ ਦਿੱਤਾ ਏ।
- ਸੀਮਾ ਸੁਰੱਖਿਆ ਬਲ ਅਤੇ ਪੰਜਾਬ ਪੁਲਿਸ ਨੇ ਅੰਮ੍ਰਿਤਸਰ ਅਤੇ ਫਾਜ਼ਿਲਕਾ ਵਿੱਚ ਵੱਖ-ਵੱਖ ਕਾਰਵਾਈਆਂ ਦੌਰਾਨ ਇੱਕ ਔਰਤ ਸਮੇਤ ਚਾਰ ਨਸ਼ਾ ਤਸਕਰਾਂ ਨੂੰ ਹਥਿਆਰਾਂ, ਗੋਲਾ ਬਾਰੂਦ ਅਤੇ ਸਾਢੇ 5 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਸਮੇਤ ਕੀਤਾ ਗ੍ਰਿਫ਼ਤਾਰ ।
- ਪੰਜਾਬ ਟੈਲੀਕਾਮ ਸਰਕਲ ਵਲੋਂ ਅੱਜ ਜਲੰਧਰ ਵਿੱਚ 'ਸੰਚਾਰ ਸਾਥੀ ਐਪਲੀਕੇਸ਼ਨ' ਅਤੇ ਟੈਲੀਕਾਮ ਆਊਟਰੀਚ ਪ੍ਰੋਗਰਾਮ 'ਤੇ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ।
- IPL ਕ੍ਰਿਕਟ ਵਿੱਚ, ਅੱਜ ਦਿੱਲੀ ਕੈਪੀਟਲਜ਼ ਦਾ ਮੁਕਾਬਲਾ ਰਾਜਸਥਾਨ ਰਾਇਲਜ਼ ਨਾਲ ਹੋਵੇਗਾ।